ਦਫ਼ਤਰ ਡਾਇਰੈਕਟਰ ਰਾਜ ਸਿੱਖਿਆ ਖੋਜ਼ ਅਤੇ ਸਿਖਲਾਈ ਪ੍ਰੀਸ਼ਦ, ਪੰਜਾਬ
ਬਲਾਕ-ਈ, ਛੇਵੀ ਮੰਜਿਲ, ਪੰਜਾਬ ਸਕੂਲ ਸਿੱਖਿਆ ਬੋਰਡ ਕੰਪ:,ਫੇਜ਼-8 ਐਸ.ਏ.ਐਸ ਨਗਰ,ਮੁਹਾਲੀ
ਫੋਨ ਨੰਬਰ: 0172-2212221, ਫੈਕਸ ਨੰ: 0172-2212793

ਵੱਲ (Through Website)

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ. ਸਿੱ/ਐ.ਸਿੱ),
ਪੰਜਾਬ।

**ਮੀਮੋ:-** SCERT/PPPP/2019/1250 **ਮਿਤੀ:-** 09-04-2019

**ਵਿਸ਼ਾ:- ਮਿਤੀ 9.4.2019 ਨੂੰ ਐਜੂਸੈਟ ਤੋਂ ਮੀਟਿੰਗ ਲੈਣ ਸਬੰਧੀ।**

1.0 ਉਪਰੋਕਤ ਵਿਸ਼ੇ ਤੇ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਆਪ ਜੀ ਨੂੰ ਪਤਾ ਹੀ ਹੈ ਕਿ ਰਾਜ ਦੇ ਸਮੂਹ ਸਰਕਾਰੀ ਸਕੂਲਾਂ ਅੰਦਰ ਵਿਦਿਆਰਥੀਆਂ ਦੇ ਵੱਧ ਤੋਂ ਵੱਧ ਦਾਖ਼ਲੇ ਲਈ ਸਿੱਖਿਆ ਵਿਭਾਗ ਵੱਲੋਂ ਦਾਖ਼ਲਾ ਮੁਹਿੰਮ ਸ਼ੁਰੂ ਕੀਤੀ ਗਈ ਹੈ। ਦਾਖ਼ਲਾ ਮੁਹਿੰਮ ਤਹਿਤ ਕੰਮ ਕਰਨ ਸਬੰਧੀ ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ), ਉਪ –ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ), ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ, ਸੈਂਟਰ ਹੈੱਡ ਟੀਚਰ, ਹੈੱਡ ਟੀਚਰ, ਹਰ ਸਰਕਾਰੀ ਪ੍ਰਾਇਮਰੀ ਸਕੂਲ ਦੇ ਇੰਚਾਰਜ ਅਤੇ ਸਮੂਹ 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ' (ਪ੍ਰਾਇਮਰੀ) ਟੀਮ ਮੈਂਬਰ ਮਿਤੀ 9.4.2019 ਨੂੰ ਬਾਅਦ ਦੁਪਹਿਰ 1.00 ਵਜੇ ਤੋਂ 2.00 ਵਜੇ ਤੱਕ ਮਾਨਯੋਗ ਸਕੱਤਰ ਸਕੂਲ ਸਿੱਖਿਆ ਜੀ ਦੀ ਪ੍ਰਧਾਨਗੀ ਹੇਠ ਐਜੂਸੈਟ ਰਾਹੀਂ ਸੰਬੋਧਨ/ਮੀਟਿੰਗ ਵਿੱਚ ਭਾਗ ਲੈਣਗੇ।

3.0 ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ), ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ) ਨਾਲ ਤਾਲਮੇਲ ਕਰਕੇ ਸੀਨੀਅਰ ਸੈਕੰਡਰੀ/ਹਾਈ ਸਕੂਲਾਂ ਵਿੱਚ ਚਾਲੂ ਹਾਲਤ ਵਿੱਚ ਆਰ.ਓ.ਟੀਜ਼ ਬਾਰੇ ਪੜਤਾਲ ਕਰਕੇ ਨੇੜੇ ਦੇ ਸੀਨੀਅਰ ਸੈਕੰਡਰੀ/ਹਾਈ ਸਕੂਲਾਂ ਵਿੱਚ ਉਪ –ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ), ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ, ਸੈਂਟਰ ਹੈੱਡ ਟੀਚਰ, ਹੈੱਡ ਟੀਚਰ, ਹਰ ਸਰਕਾਰੀ ਪ੍ਰਾਇਮਰੀ ਸਕੂਲ ਦੇ ਇੰਚਾਰਜ ਅਤੇ ਸਮੂਹ 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ' (ਪ੍ਰਾਇਮਰੀ) ਟੀਮ ਮੈਂਬਰ ਦੀ ਹਾਜ਼ਰੀ ਯਕੀਨੀ ਬਣਾਉਣਗੇ। ਇਸ ਸਬੰਧ ਵਿੱਚ ਪੂਰਨ ਯੋਜਨਾਬੰਦੀ ਪਹਿਲਾਂ ਹੀ ਕਰ ਲਈ ਜਾਵੇ ਅਤੇ ਸਬੰਧਤ ਸਕੂਲ ਮੁੱਖੀਆਂ ਨਾਲ ਫੋਨ ਤੇ ਰਾਬਤਾ ਕਰਕੇ ਸਕੂਲਾਂ ਅੰਦਰ ਬੈਠਣ, ਜਰਨੇਟਰ ਆਦਿ ਦਾ ਪ੍ਰਬੰਧ ਵੀ ਦੇਖ ਲਿਆ ਜਾਵੇ।

4.0 ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ), ਉਪ –ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ), ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ, ਸੈਂਟਰ ਹੈੱਡ ਟੀਚਰ, ਹੈੱਡ ਟੀਚਰ, ਹਰ ਪ੍ਰਾਇਮਰੀ ਸਕੂਲ ਦਾ ਇੰਚਾਰਜ ਅਤੇ ਸਮੂਹ 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ' (ਪ੍ਰਾਇਮਰੀ) ਟੀਮ ਮੈਂਬਰ ਆਪਣੇ ਨੇੜੇ ਦੇ ਸਕੂਲਾਂ ਵਿੱਚ ਬੈਠ ਕੇ ਇਸ ਮੀਟਿੰਗ ਨੂੰ ਅਟੈਂਡ ਕਰਨਗੇ।

5.0 ਐਜੂਸੈਟ ਤੋਂ ਹੋਣ ਵਾਲੀ ਇਸ ਮੀਟਿੰਗ ਦੀ ਹਾਜ਼ਰੀ ਰਿਪੋਰਟ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ) ਈ.ਮੇਲ (parhopunjab@punjabeducation.gov.in )ਰਾਹੀਂ ਮੁੱਖ ਦਫ਼ਤਰ ਨੂੰ ਭੇਜਣਗੇ।

6.0 ਹੁਕਮਾਂ ਦੀ ਇੰਨ੍ਹ-ਬਿਨ ਪਾਲਣਾ ਯਕੀਨੀ ਬਣਾਈ ਜਾਵੇ ਜੀ।

**ਡਾਇਰੈਕਟਰ ਐੱਸ. ਸੀ.ਈ.ਆਰ.ਟੀ, ਪੰਜਾਬ।**

**ਪਿੱਠ ਅੰਕਣ ਨੰ:** **ਮਿਤੀ:**

**ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾਂ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:**

1. ਪੀ.ਏ. ਟੂ ਮਾਨਯੋਗ ਸਕੱਤਰ ਸਕੂਲ ਸਿੱਖਿਆ, ਪੰਜਾਬ।
2. ਪੀ.ਏ. ਟੂ ਮਾਨਯੋਗ ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।
3. ਡੀ.ਪੀ.ਆਈ (ਸੈ.ਸਿੱ), ਪੰਜਾਬ।
4. ਡੀ.ਪੀ.ਆਈ. (ਐ.ਸਿੱ), ਪੰਜਾਬ।
5. ਡੀ.ਐੱਮ. (ਐਮ.ਆਈ.ਐਸ.) ਨੂੰ ਪੱਤਰ ਦੀ ਕਾਪੀ ਨੋਟਿਸ ਬੋਰਡ ਅਤੇ ਵੈੱਬਸਾਈਟ ਤੇ ਪਾਉਣ ਹਿੱਤ।

— ਸਹੀ —

**ਡਾਇਰੈਕਟਰ ਐੱਸ. ਸੀ.ਈ.ਆਰ.ਟੀ, ਪੰਜਾਬ।**